# Telephone Conversation between PM and the Federal Chancellor of Germany

April 02, 2020

## ਪ੍ਰਧਾਨ ਮੰਤਰੀ ਅਤੇ ਜਰਮਨੀ ਦੀ ਫੈਡਰਲ ਚਾਂਸਲਰ ਵਿਚਾਲੇ ਟੈਲੀਫੋਨ 'ਤੇ ਗੱਲਬਾਤ

02 ਅਪ੍ਰੈਲ, 2020

ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਨੇ ਅੱਜ ਜਰਮਨੀ ਦੀ ਫੈਡਰਲ ਚਾਂਸਲਰ ਮਹਾਮਹਿਮ ਡਾ. ਐਂਜੇਲਾ ਮਰਕਲ ਨਾਲ ਟੈਲੀਫੋਨ 'ਤੇ ਗੱਲਬਾਤ ਕੀਤੀ।

ਦੋਨਾਂ ਆਗੂਆਂ ਨੇ ਮੌਜੂਦਾ ਕੋਵਿਡ -19 ਮਹਾਂਮਾਰੀ, ਆਪਣੇ-ਆਪਣੇ ਦੇਸ਼ਾਂ ਦੇ ਹਾਲਾਤ ਅਤੇ ਇਸ ਸਿਹਤ ਸੰਕਟ ਨਾਲ ਜੰਗ ਵਿੱਚ ਅੰਤਰਰਾਸ਼ਟਰੀ ਸਹਿਯੋਗ ਦੀ ਮਹੱਤਤਾ ਬਾਰੇ ਗੱਲਬਾਤ ਕੀਤੀ।

ਉਨ੍ਹਾਂ ਨੇ ਇਸ ਮਹਾਂਮਾਰੀ ਦੌਰਾਨ ਲੋੜੀਂਦੀਆਂ ਦਵਾਈਆਂ ਅਤੇ ਡਾਕਟਰੀ ਉਪਕਰਣਾਂ ਦੀ ਘਾਟ ਬਾਰੇ ਵਿਚਾਰ ਵਟਾਂਦਰਾ ਕੀਤਾ ਅਤੇ ਇਸ ਬਾਰੇ ਸਹਿਯੋਗ ਕਰਨ ਦੇ ਮੌਕਿਆਂ ਦੀ ਭਾਲ ਉੱਤੇ ਸਹਿਮਤੀ ਪ੍ਰਗਟਾਈ।

ਜਰਮਨ ਚਾਂਸਲਰ ਨੇ ਪ੍ਰਧਾਨ ਮੰਤਰੀ ਦੀ ਇਸ ਗੱਲ ਉੱਤੇ ਸਹਿਮਤੀ ਪ੍ਰਗਟਾਈ ਕਿ ਕੋਵਿਡ -19 ਮਹਾਂਮਾਰੀ ਅਜੋਕੇ ਇਤਿਹਾਸ 'ਚ ਇੱਕ ਬਹੁਤ ਮਹੱਤਵਪੂਰਣ ਮੋੜ ਹੈ, ਅਤੇ ਇਹ ਸਮੁੱਚੇ ਤੌਰ 'ਤੇ ਮਨੁੱਖਤਾ ਦੇ ਸਾਂਝੇ ਹਿੱਤਾਂ 'ਤੇ ਕੇਂਦ੍ਰਿਤ ਭੂਮੰਡਲੀਕਰਣ ਦਾ ਇੱਕ ਨਵਾਂ ਦ੍ਰਿਸ਼ਟੀਕੋਣ ਘੜਣ ਦਾ ਮੌਕਾ ਹੈ।

ਪ੍ਰਧਾਨ ਮੰਤਰੀ ਨੇ ਮਹਾਮਹਿਮ ਚਾਂਸਲਰ ਨੂੰ ਦੁਨੀਆਂ ਭਰ ਦੇ ਲੋਕਾਂ ਲਈ ਸੌਖੇ ਯੋਗ ਅਭਿਆਸਾਂ ਅਤੇ ਪ੍ਰਤੀਰੋਧ-ਵਧਾਊ ਆਯੁਰਵੈਦਿਕ ਇਲਾਜਾਂ ਦੇ ਪ੍ਰਸਾਰ ਲਈ ਹਾਲ ਵਿੱਚ ਹੀ ਭਾਰਤ ਵੱਲੋਂ ਕੀਤੀਆਂ ਗਈਆਂ ਪਹਿਲਾਂ ਬਾਰੇ ਦੱਸਿਆ। ਚਾਂਸਲਰ ਨੇ ਇਸ ਗੱਲ 'ਤੇ ਸਹਿਮਤੀ ਦਾ ਇਜ਼ਹਾਰ ਕੀਤਾ ਕਿ ਅਜਿਹੀਆਂ ਪ੍ਰਥਾਵਾਂ ਮਨੋਵਿਗਿਆਨਕ ਅਤੇ ਸਰੀਰਕ ਸਿਹਤ ਨੂੰ ਬੇਹਤਰ ਬਣਾਉਣ ਵਿੱਚ, ਖ਼ਾਸ ਤੌਰ 'ਤੇ ਮੌਜੂਦਾ ਲਾਕਡਾਉਨ ਦੇ ਹਾਲਾਤ ਵਿੱਚ, ਬਹੁਤ ਲਾਹੇਵੰਦ ਹੋ ਸਕਦੀਆਂ ਹਨ।

ਨਵੀਂ ਦਿੱਲੀ
02 ਅਪ੍ਰੈਲ, 2020

DISCLAIMER : This is an approximate translation. The original is available in English on MEA's website and may be referred to as the official press release.